**ਗਉੜੀ ਬੈਰਾਗਣਿ ਮਹਲਾ ੩ ॥ ਸਭੁ ਜਗੁ ਕਾਲੈ ਵਸਿ ਹੈ ਬਾਧਾ ਦੂਜੈ ਭਾਇ ॥ ਹਉਮੈ ਕਰਮ ਕਮਾਵਦੇ ਮਨਮੁਖਿ ਮਿਲੈ ਸਜਾਇ ॥ ੧॥ ਮੇਰੇ ਮਨ ਗੁਰ ਚਰਣੀ ਚਿਤੁ ਲਾਇ ॥ ਗੁਰਮੁਖਿ ਨਾਮੁ ਨਿਧਾਨੁ ਲੈ ਦਰਗਹ ਲਏ ਛਡਾਇ ॥੧॥ ਰਹਾਉ ॥ ਲਖ ਚਉਰਾਸੀਹ ਭਰਮਦੇ ਮਨਹਠਿ ਆਵੈ ਜਾਇ ॥ ਗੁਰ ਕਾ ਸਬਦੁ ਨ ਚੀਨਿਓ ਫਿਰਿ ਫਿਰਿ ਜੋਨੀ ਪਾਇ ॥ ੨॥ ਗੁਰਮੁਖਿ ਆਪੁ ਪਛਾਣਿਆ ਹਰਿ ਨਾਮੁ ਵਸਿਆ ਮਨਿ ਆਇ ॥ ਅਨਦਿਨੁ ਭਗਤੀ ਰਤਿਆ ਹਰਿ ਨਾਮੇ ਸੁਖਿ ਸਮਾਇ ॥ ੩॥ ਮਨੁ ਸਬਦਿ ਮਰੈ ਪਰਤੀਤਿ ਹੋਇ ਹਉਮੈ ਤਜੇ ਵਿਕਾਰ ॥ ਜਨ ਨਾਨਕ ਕਰਮੀ ਪਾਈਅਨਿ ਹਰਿ ਨਾਮਾ ਭਗਤਿ ਭੰਡਾਰ ॥੪॥੨॥੧੬॥੩੬॥** {ਪੰਨਾ 162}

ਪਦਅਰਥ:- ਕਾਲੈ ਵਸਿ—ਮੌਤ ਦੇ ਵੱਸ ਵਿਚ, ਆਤਮਕ ਮੌਤ ਦੇ ਵੱਸ ਵਿਚ। ਬਾਧਾ—ਬੱਝਾ ਹੋਇਆ। ਦੂਜੈ ਭਾਇ—ਮਾਇਆ ਦੇ ਮੋਹ ਵਿਚ। ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ।1।

ਮਨ—ਹੇ ਮਨ! ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਨਿਧਾਨੁ—ਖ਼ਜ਼ਾਨਾ।1। ਰਹਾਉ।

ਹਠਿ—ਹਠ ਨਾਲ। ਮਨ ਹਠਿ—ਮਨ ਦੇ ਹਠ ਦੇ ਕਾਰਨ। ਚੀਨਿਓ—ਪਛਾਣਿਆ।2।

ਆਪੁ—ਆਪਣੇ ਆਤਮਕ ਜੀਵਨ ਨੂੰ। ਪਛਾਣਿਆ—ਪਰਖਿਆ। ਮਨਿ—ਮਨ ਵਿਚ। ਅਨਦਿਨੁ—ਹਰ ਰੋਜ਼। ਸੁਖਿ—ਆਤਮਕ ਆਨੰਦ ਵਿਚ।3।

ਸਬਦਿ—ਸ਼ਬਦ ਦੀ ਰਾਹੀਂ। ਮਰੈ—ਹਉਮੈ ਵਲੋਂ ਮਰਦਾ ਹੈ, ਹਉਮੈ ਦੂਰ ਕਰਦਾ ਹੈ। ਪਰਤੀਤਿ—ਸਰਧਾ। ਕਰਮੀ—(ਪਰਮਾਤਮਾ ਦੀ) ਮਿਹਰ ਨਾਲ ਹੀ {ਕਰਮੁ—ਬਖ਼ਸ਼ਸ਼}। ਪਾਈਅਨਿ—ਪਾਏ ਜਾਂਦੇ ਹਨ, ਮਿਲਦੇ ਹਨ। ਭੰਡਾਰ—ਖ਼ਜ਼ਾਨੇ।4।

ਅਰਥ:- ਹੇ ਮੇਰੇ ਮਨ! ਗੁਰੂ ਦੇ ਚਰਨਾਂ ਵਿਚ ਸੁਰਤਿ ਜੋੜ। ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ-ਖ਼ਜ਼ਾਨਾ ਇਕੱਠਾ ਕਰ ਲੈ, (ਇਹ ਤੈਨੂੰ) ਪਰਮਾਤਮਾ ਦੀ ਹਜ਼ੂਰੀ ਵਿਚ (ਤੇਰੇ ਕੀਤੇ ਕਰਮਾਂ ਦਾ ਲੇਖਾ ਕਰਨ ਵੇਲੇ) ਸੁਰਖ਼ਰੂ ਕਰੇਗਾ।1। ਰਹਾਉ।

(ਜਦ ਤਕ) ਇਹ ਜਗਤ ਮਾਇਆ ਦੇ ਮੋਹ ਵਿਚ ਬੱਝਾ ਰਹਿੰਦਾ ਹੈ (ਤਦ ਤਕ ਇਹ) ਸਾਰਾ ਜਗਤ ਆਤਮਕ ਮੌਤ ਦੇ ਕਾਬੂ ਵਿਚ ਆਇਆ ਰਹਿੰਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਸਾਰੇ) ਕੰਮ ਹਉਮੈ ਦੇ ਆਸਰੇ ਕਰਦੇ ਹਨ ਤੇ ਉਹਨਾਂ ਨੂੰ (ਆਤਮਕ ਮੌਤ ਦੀ ਹੀ) ਸਜ਼ਾ ਮਿਲਦੀ ਹੈ।1।

(ਮਾਇਆ ਦੇ ਮੋਹ ਵਿਚ ਬੱਝੇ ਹੋਏ ਜੀਵ) ਚੌਰਾਸੀ ਲੱਖ ਜੂਨਾਂ ਵਿਚ ਫਿਰਦੇ ਰਹਿੰਦੇ ਹਨ। ਆਪਣੇ ਮਨ ਦੇ ਹਠ ਦੇ ਕਾਰਨ (ਮਾਇਆ ਦੇ ਮੋਹ ਵਿਚ ਫਸਿਆ ਜੀਵ) ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ। ਜੇਹੜਾ ਮਨੁੱਖ ਗੁਰੂ ਦੇ ਸ਼ਬਦ (ਦੀ ਕਦਰ) ਨੂੰ ਨਹੀਂ ਸਮਝਦਾ ਉਹ ਮੁੜ ਮੁੜ ਜੂਨਾਂ ਵਿਚ ਪੈਂਦਾ ਹੈ।2।

ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਆਤਮਕ ਜੀਵਨ ਪੜਤਾਲਦਾ ਰਹਿੰਦਾ ਹੈ, ਉਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਹਰ ਰੋਜ਼ ਪਰਮਾਤਮਾ ਦੀ ਭਗਤੀ (ਦੇ ਰੰਗ ਵਿਚ) ਰੰਗਿਆ ਰਹਿਣ ਕਰਕੇ ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ਉਹ ਆਤਮਕ ਆਨੰਦ ਵਿਚ ਟਿਕਿਆ ਰਹਿੰਦਾ ਹੈ।3।

ਜਿਸ ਮਨੁੱਖ ਦਾ ਮਨ ਗੁਰੂ ਦੇ ਸ਼ਬਦ ਵਿਚ ਜੁੜਨ ਕਰਕੇ ਆਪਾ-ਭਾਵ ਵਲੋਂ ਮਰਦਾ ਹੈ, ਉਸ ਦੀ (ਗੁਰੂ ਦੇ ਸ਼ਬਦ ਵਿਚ) ਸਰਧਾ ਬਣ ਜਾਂਦੀ ਹੈ ਤੇ ਉਹ ਆਪਣੇ ਅੰਦਰੋਂ ਹਉਮੈ (ਆਦਿਕ) ਵਿਕਾਰ ਤਿਆਗਦਾ ਹੈ। ਹੇ ਦਾਸ ਨਾਨਕ! ਪਰਮਾਤਮਾ ਦੇ ਨਾਮ ਦੇ ਖ਼ਜ਼ਾਨੇ ਪਰਮਾਤਮਾ ਦੀ ਭਗਤੀ ਦੇ ਖ਼ਜ਼ਾਨੇ ਪਰਮਾਤਮਾ ਦੀ ਮਿਹਰ ਨਾਲ ਹੀ ਮਿਲਦੇ ਹਨ।4।2।16। 36।